**15ਵੀਂ ਵਿਧਾਨ ਸਭਾ**

**16ਵਾਂ (ਵਿਸ਼ੇਸ਼) ਸਮਾਗਮ**

**ਪੰਜਾਬ ਵਿਧਾਨ ਸਭਾ**

ਬੁਲੇਟਿਨ ਨੰ : 2

ਵੀਰਵਾਰ, 11 ਨਵੰਬਰ, 2021

( 11.00 ਵਜੇ ਸਵੇਰ ਤੋਂ 8:18 ਵਜੇ ਰਾਤ ਤੱਕ)

1. **ਮਾਨਯੋਗ ਸਪੀਕਰ ਦੁਆਰਾ ਐਲਾਨ**

I. **ਸਭਾਪਤੀ ਨਾਮਾਂਵਲੀ ਸਬੰਧੀ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦੇ ਨਿਯਮ 13(1) ਦੇ ਅਧੀਨ ਨਿਮਨਲਿਖਤ ਮਾਨਯੋਗ ਮੈਂਬਰਾਂ ਨੂੰ ਸਭਾਪਤੀ ਨਾਮਾਂਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

ੳ) ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ;

ਅ) ਸਰਦਾਰ ਨਵਤੇਜ਼ ਸਿੰਘ ਚੀਮਾ;

ੲ) ਸ੍ਰੀਮਤੀ ਸਰਵਜੀਤ ਕੌਰ ਮਾਣੂਕੇ;

ਸ) ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

II. **ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ ਦਾ ਅਸਤੀਫਾ ਸਵੀਕਾਰ ਕਰਨ ਅਤੇ ਸਰਦਾਰ ਬਲਦੇਵ ਸਿੰਘ ਕਲਿਆਣ, ਐਮ.ਐਲ.ਏ ਨੂੰ ਅਯੋਗ ਠਹਿਰਾਉਣ ਸਬੰਧੀ**

ਮਾਨਯੋਗ ਸਪੀਕਰ ਦੁਆਰਾ ਹੇਠ ਲਿਖੇ ਅਨੁਸਾਰ ਐਲਾਨ ਕੀਤਾ ਗਿਆ -

ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 51 ਦੇ ਉਪ ਨਿਯਮ (5) ਦੀ ਸ਼ਰਤੀ ਧਾਰਾ ਦੇ ਅਨੁਸਾਰ ਸੂਚਿਤ ਕੀਤਾ ਜਾਂਦਾ ਹੈ ਕਿ 26-ਭੁਲੱਥ ਵਿਧਾਨ ਸਭਾ ਹਲਕੇ ਤੋਂ ਚੁਣੇ ਗਏ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੁਆਰਾ ਦਿੱਤਾ ਗਿਆ ਅਸਤੀਫਾ ਮੇਰੇ ਦੁਆਰਾ ਮਿਤੀ 19.10.2021 ਨੂੰ ਸਵੀਕਾਰ ਕੀਤਾ ਗਿਆ।

ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਭਾਰਤ ਦੇ ਸੰਵਿਧਾਨ ਦੀ 10ਵੀਂ ਅਨੁਸੂਚੀ ਦੇ ਉਪਬੰਧ ਅਧੀਨ 89-ਜੈਤੋ ਵਿਧਾਨ ਸਭਾ ਹਲਕੇ ਤੋਂ ਚੁਣੇ ਗਏ ਸਰਦਾਰ ਬਲਦੇਵ ਸਿੰਘ ਕਲਿਆਣ, ਐਮ.ਐਲ.ਏ ਨੂੰ, ਮਿਤੀ 26.10.2021 ਨੂੰ ਅਯੋਗ ਠਹਿਰਾਇਆ ਗਿਆ।

2. **ਸਦਨ ਵੱਲੋਂ ਗਠਿਤ ਕਮੇਟੀਆਂ ਦੀਆਂ ਰਿਪੋਰਟਾਂ ਪੇਸ਼ ਕਰਨਾ**

ਮਾਨਯੋਗ ਸਪੀਕਰ ਦੁਆਰਾ ਸਦਨ ਵਲੋਂ ਗਠਿਤ ਨਿਮਨਲਿਖਤ ਕਮੇਟੀਆਂ ਦੀਆਂ ਰਿਪੋਰਟਾਂ, ਜੋ ਕਿ ਉਨ੍ਹਾਂ ਨੂੰ ਪੇਸ਼ ਕੀਤੀਆਂ ਗਈਆਂ ਸਨ, ਸਦਨ ਵਿੱਚ ਪੇਸ਼ ਕੀਤੀਆਂ ਗਈਆਂ:

I. ਕਿਸਾਨ ਅੰਦੋਲਨ ਦੌਰਾਨ ਸਮਾਜਿਕ ਕਾਰਜ-ਕਰਤਾਵਾਂ ਅਤੇ ਹੋਰ ਲੋਕਾਂ ਨੂੰ ਤਸੀਹੇ ਦੇਣ ਨਾਲ ਸਬੰਧਤ ਘਟਨਾਵਾਂ ਦੀ ਜਾਂਚ ਕਰਨ ਲਈ;

II. ਸ੍ਰੀ ਦਸ਼ਮੇਸ਼ ਨਹਿਰ ਦੀ ਉਸਾਰੀ ਨਾਲ ਸਬੰਧਤ ਮਾਮਲਿਆਂ ਦੀ ਛਾਣ-ਬੀਣ ਕਰਨ ਲਈ; ਅਤੇ

III. ਜ਼ਮੀਨਦੋਜ਼ ਪਾਣੀ ਦਾ ਪੱਧਰ ਉੱਚਾ ਚੁੱਕਣ ਲਈ ਸੁਝਾਅ ਦੇਣ ਲਈ।

3. **ਨਿਯਮ 16 ਅਧੀਨ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :

"ਕਿ ਵਿਧਾਨ ਸਭਾ (ਅਸੈਂਬਲੀ) ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ"।

4. **<u>ਪੰਜਾਬ ਵਿਧਾਨ ਸਭਾ (ਪੰਜਾਬ ਲੈਜਿਸਲੇਟਿਵ ਅਸੈਂਬਲੀ ) ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਕੁੱਝ ਨਿਯਮਾਂ ਨੂੰ ਮੁਅੱਤਲ ਕਰਨ ਸਬੰਧੀ ਪ੍ਰਸਤਾਵ</u>**

ਸ੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ-

"ਇਹ ਸਦਨ ਸਕੰਲਪ ਕਰਦਾ ਹੈ ਕਿ ਪੰਜਾਬ ਵਿਧਾਨ ਸਭਾ (ਪੰਜਾਬ ਲੈਜਿਸਲੇਟਿਵ ਅਸੈਂਬਲੀ) ਦਾ ਚਾਲੂ ਸਮਾਗਮ, ਜੋ ਕੁੱਝ ਜ਼ਰੂਰੀ ਅਤੇ ਮਹੱਤਵਪੂਰਣ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਸਮਾਗਮ ਹੈ, ਦੇ ਦੌਰਾਨ ਕੇਵਲ ਸਰਕਾਰੀ ਕੰਮ-ਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮ-ਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲੇ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਸਮਾਗਮ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ (ਪੰਜਾਬ ਲੈਜਿਸਲੇਟਿਵ ਅਸੈਂਬਲੀ) ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਤ ਨਿਯਮ ਉਸ ਹੱਦ ਤੱਕ ਮੁੱਅਤਲ ਕੀਤੇ ਗਏ ਸਮਝੇ ਜਾਣ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਨੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | |
|---|---|
| 1. ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 01 ਮਿੰਟ |
| 2. ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 3. ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |

ਸਰਦਾਰ ਚਰਨਜੀਤ ਸਿੰਘ ਚੰਨੀ, ਮੁੱਖ ਮੰਤਰੀ ਬਹਿਸ ਦਾ ਜਵਾਬ ਦਿੰਦੇ ਹੋਏ 01 ਮਿੰਟ ਲਈ ਬੋਲੇ।

5. **<u>ਸਕੱਤਰ ਵੱਲੋਂ ਪੰਜਾਬ ਵਿਧਾਨ ਸਭਾ (ਦਲ ਬਦਲੀ ਦੇ ਆਧਾਰ ਤੇ ਮੈਂਬਰਾਂ ਦੀ ਅਯੋਗਤਾ ) ਨਿਯਮ, 2020 ਮੇਜ ਤੇ ਮੁੜ ਰੱਖਣਾ</u>**

ਸਕੱਤਰ ਦੁਆਰਾ ਪੰਜਾਬ ਵਿਧਾਨ ਸਭਾ (ਦਲ ਬਦਲੀ ਦੇ ਆਧਾਰ ਤੇ ਮੈਂਬਰਾਂ ਦੀ ਅਯੋਗਤਾ) ਨਿਯਮ, 2020 ਜੋ ਕਿ ਭਾਰਤ ਦੇ ਸੰਵਿਧਾਨ ਦੀ ਦਸਵੀਂ ਅਨੁਸੂਚੀ ਦੇ ਪੈਰ੍ਹਾ 8 ਦੁਆਰਾ ਪ੍ਰਦਾਨ ਕੀਤੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਸਪੀਕਰ, ਪੰਜਾਬ ਵਿਧਾਨ ਸਭਾ ਦੁਆਰਾ ਫਰੇਮ ਕੀਤੇ ਗਏ ਸਨ, ਸਦਨ ਦੀ ਮੇਜ਼ ਤੇ ਮੁੜ ਰੱਖੇ ਗਏ, ਜਿਵੇਂ ਕਿ ਇਸ ਦੇ ਉਪ-ਪੈਰ੍ਹਾ (2) ਅਧੀਨ ਲੋੜੀਂਦਾ ਹੈ।

6. **<u>ਪੰਜਾਬ ਵਿਧਾਨ ਸਭਾ (ਦਲ ਬਦਲੀ ਦੇ ਅਧਾਰ ਤੇ ਮੈਂਬਰਾਂ ਦੀ ਅਯੋਗਤਾ ) ਨਿਯਮ, 2020 ਸਬੰਧੀ ਪ੍ਰਸਤਾਵ</u>**

ਸ੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਦੁਆਰਾ ਨਿਮਨਲਿਖਤ ਪ੍ਰਸਤਾਵ ਸਦਨ ਵਿੱਚ ਪੇਸ਼ ਕੀਤਾ ਗਿਆ ਜੋ ਕਿ ਸਰਬਸੰਮਤੀ ਨਾਲ ਪ੍ਰਵਾਨ ਹੋਇਆ:-

ਇਹ ਸਦਨ ਸਰਬ-ਸੰਮਤੀ ਨਾਲ, ਭਾਰਤ ਦੇ ਸੰਵਿਧਾਨ ਦੀ ਦਸਵੀਂ ਅਨੁਸੂਚੀ ਦੇ ਪੈਰ੍ਹਾ 8 ਦੇ ਉਪ-ਪੈਰ੍ਹਾ (2) ਅਧੀਨ, "ਪੰਜਾਬ ਵਿਧਾਨ ਸਭਾ( ਦਲ ਬਦਲੀ ਦੇ ਅਧਾਰ ਤੇ ਮੈਂਬਰਾਂ ਦੀ ਅਯੋਗਤਾ) ਨਿਯਮਾਂ, 2020 "ਜੋ ਕਿ ਉਪਰੋਕਤ ਸੰਵਿਧਾਨਿਕ ਉਪਬੰਧਾਂ ਦੁਆਰਾ ਪ੍ਰਦਾਨ ਕੀਤੀਆਂ ਗਈਆਂ ਸ਼ਕਤੀਆਂ ਦੇ ਵਰਤੋਂ ਕਰਦੇ ਹੋਏ ਸਪੀਕਰ ਦੁਆਰਾ ਫਰੇਮ ਕੀਤੇ ਗਏ ਸਨ, ਬਿਨਾਂ ਕਿਸੇ ਸੋਧਾਂ ਦੇ ਪ੍ਰਵਾਨ ਕਰਦਾ ਹੈ।"

7. **<u>ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ</u>**

ਸ੍ਰੀ ਬ੍ਰਹਮ ਮੋਹਿੰਦਰਾ ਸੰਸਦੀ, ਮਾਮਲੇ ਮੰਤਰੀ ਵੱਲੋਂ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: VII ਦੇ ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 27 ਤੱਕ ਵਰਣਿਤ ਕਾਗਜ਼-ਪੱਤਰ ਮੇਜ਼ ਤੇ ਰੱਖੇ ਗਏ।

8. **<u>ਰਿਪੋਰਟਾਂ ਪੇਸ਼ ਕਰਨਾ</u>**

ਸਰਦਾਰ ਕੁਲਦੀਪ ਸਿੰਘ ਵੈਦ (ਬੁਲਾਰਾ), ਮੈਂਬਰ, ਵਿਸ਼ੇਸ਼ ਅਧਿਕਾਰ ਕਮੇਟੀ ਨੇ ਵਿਸ਼ੇਸ਼ ਅਧਿਕਾਰ ਦੇ ਮਾਮਲਿਆਂ ਸਬੰਧੀ ਨਿਮਨਲਿਖਤ ਦੁਆਰਾ ਉਠਾਏ ਗਏ ਮਾਮਲਿਆਂ ਤੇ ਚੌਥੀ/ਨੌਵੀਂ/ਦਸਵੀਂ/ਗਿਆਰਵੀਂ ਅੰਤਰਿਮ ਰਿਪੋਰਟਾਂ ਪੇਸ਼ ਕੀਤੀਆਂ:

I. ਸ੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ ਦੁਆਰਾ ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰਾਂ ਦੇ ਵਿਰੁੱਧ;
II. ਸ੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ ਦੁਆਰਾ ਸ੍ਰੀ ਪਵਨ ਕੁਮਾਰ ਟੀਨੂੰ, ਐਮ.ਐਲ.ਏ ਦੇ ਵਿਰੁੱਧ;

III. ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ ਦੁਆਰਾ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਰੁੱਧ;

IV. ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ ਦੁਆਰਾ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ ਦੇ ਵਿਰੁੱਧ ;

V. ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ ਦੁਆਰਾ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ ਦੇ ਵਿਰੁੱਧ;

VI. ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ, ਦੁਆਰਾ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ,ਐਲ.ਏ ਦੇ ਵਿਰੁੱਧ; ਅਤੇ

VII. ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ ਦੁਆਰਾ ਸ਼੍ਰੀ ਪਵਨ ਕੁਮਾਰ ਟੀਨੂੰ, ਐਮ.ਐਲ.ਏ ਦੇ ਵਿਰੁੱਧ;

**9. <u>ਸਰਕਾਰੀ ਮਤੇ</u>**

**I.** ਸਰਦਾਰ ਸੁਖਜਿੰਦਰ ਸਿੰਘ ਰੰਧਾਵਾ , ਉਪ ਮੁੱਖ ਮੰਤਰੀ ਵੱਲੋਂ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

ਪੰਜਾਬ ਸ਼ਹੀਦਾਂ ਅਤੇ ਸੂਰਬੀਰਾਂ ਦੀ ਧਰਤੀ ਹੈ। ਦੇਸ਼ ਦੀ ਅਜ਼ਾਦੀ ਦੀ ਜੰਗ ਵਿੱਚ ਅਤੇ ਉਸ ਤੋਂ ਬਾਅਦ 1962, 1965, 1971 ਅਤੇ 1999 ਦੀਆਂ ਜੰਗਾਂ ਵਿੱਚ ਪੰਜਾਬੀਆਂ ਨੇ ਬੇਮਿਸਾਲ ਕੁਰਬਾਨੀਆਂ ਦਿੱਤੀਆਂ ਹਨ। ਦੇਸ਼ ਵਿੱਚ ਸਭ ਤੋਂ ਵੱਧ "Gallantry Awards" ਪੰਜਾਬੀਆਂ ਨੂੰ ਮਿਲੇ ਹਨ। ਪੰਜਾਬ ਪੁਲਿਸ ਦੁਨੀਆਂ ਵਿੱਚ ਅਜਿਹੀ ਬੇਮਿਸਾਲ ਦੇਸ਼ ਭਗਤ ਪੁਲਿਸ ਫੋਰਸ ਹੈ, ਜਿਸਨੇ ਹਮੇਸ਼ਾਂ ਸਾਹਸ ਅਤੇ ਹੌਸਲੇ ਨਾਲ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਬਰਕਰਾਰ ਰੱਖਣ ਲਈ ਆਪਣਾ ਯੋਗਦਾਨ ਪਾਇਆ ਹੈ। ਭਾਰਤ ਦੇ ਸੰਵਿਧਾਨ ਅਨੁਸਾਰ ਕਾਨੂੰਨ ਵਿਵਸਥਾ ਬਣਾ ਕੇ ਰੱਖਣਾ ਰਾਜ ਸਰਕਾਰ ਦੀ ਜ਼ਿੰਮੇਵਾਰੀ ਹੈ ਅਤੇ ਪੰਜਾਬ ਸਰਕਾਰ ਇਸ ਮੰਤਵ ਲਈ ਪੂਰੀ ਤਰ੍ਹਾਂ ਸਮਰੱਥ ਹੈ। ਕੇਂਦਰ ਸਰਕਾਰ ਵੱਲੋਂ ਬੀ.ਐਸ.ਐਫ ਦਾ ਅਧਿਕਾਰ ਖੇਤਰ 15 ਕਿਲੋਮੀਟਰ ਤੋਂ ਵਧਾ ਕੇ 50 ਕਿਲੋਮੀਟਰ ਕਰਨ ਦਾ ਫੈਸਲਾ ਪੰਜਾਬ ਦੇ ਲੋਕਾਂ ਅਤੇ ਪੰਜਾਬ ਦੀ ਪੁਲਿਸ ਤੇ ਬੇਇਤਬਾਰੀ ਦਾ ਪ੍ਰਗਟਾਵਾ ਹੈ। ਇਹ ਉਨ੍ਹਾਂ ਦਾ ਅਪਮਾਨ ਵੀ ਹੈ। ਕੇਂਦਰ ਸਰਕਾਰ ਨੂੰ ਐਨਾ ਵੱਡਾ ਫ਼ੈਸਲਾ ਲੈਣ ਤੋਂ ਪਹਿਲਾਂ ਪੰਜਾਬ ਸਰਕਾਰ ਨਾਲ ਵਿਚਾਰ ਵਟਾਂਦਰਾ ਕਰਨਾ ਚਾਹੀਦਾ ਸੀ। ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਮਜ਼ਬੂਤ ਹੈ ਅਤੇ ਬੀ.ਐਸ.ਐਫ ਦਾ ਅਧਿਕਾਰ ਖੇਤਰ ਵਧਾਉਣ ਦੀ ਕੋਈ ਲੋੜ ਨਹੀਂ ਹੈ। ਇਹ ਭਾਰਤੀ ਸੰਵਿਧਾਨ ਦੇ ਸੰਘੀ ਢਾਂਚੇ ਦੀ ਭਾਵਨਾ ਦੀ ਘੋਰ ਉਲੰਘਣਾ ਹੈ। BSF ਦਾ ਅਧਿਕਾਰ ਖੇਤਰ ਵਧਾਉਣਾ ਇੱਕ ਸੌੜੀ ਰਾਜਨੀਤੀ ਹੈ। ਪੰਜਾਬ ਦੀਆਂ ਸਾਰੀਆਂ ਰਾਜਨੀਤਿਕ ਪਾਰਟੀਆਂ ਨੇ ਸਰਬ-ਸੰਮਤੀ ਨਾਲ ਕੇਂਦਰ ਸਰਕਾਰ ਦੀ ਇਸ ਕਰਵਾਈ ਦੀ ਨਿਖੇਧੀ ਕੀਤੀ ਹੈ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਉਹ ਮਿਤੀ 11-10-2021 ਨੂੰ ਗ੍ਰਹਿ ਮੰਤਰਾਲੇ ਵੱਲੋਂ ਜਾਰੀ ਕੀਤੀ ਨੋਟਿਫਿਕੇਸ਼ਨ ਨੂੰ ਤੁਰੰਤ ਵਾਪਿਸ ਲਵੇ। ਇਸ ਲਈ, ਇਹ ਸਦਨ ਸਬਰਸੰਮਤੀ ਨਾਲ ਬੀ.ਐਸ.ਐਫ ਦਾ ਅਧਿਕਾਰ ਖੇਤਰ ਵਧਾਉਣ ਸਬੰਧੀ ਕੇਂਦਰ ਸਰਕਾਰ ਦੀ ਨੋਟਿਫਿਕੇਸ਼ਨ ਨੂੰ ਰੱਦ ਕਰਨ ਲਈ ਮਤਾ ਪਕਾਉਂਦਾ ਹੈ ਅਤੇ ਰਾਜ ਸਰਕਾਰ ਨੂੰ ਸਿਫਾਰਿਸ਼ ਕਰਦਾ ਹੈ ਕਿ ਉਹ ਕੇਂਦਰ ਸਰਕਾਰ ਨਾਲ ਮਾਮਲਾ ਤੁਰੰਤ ਉਠਾਵੇ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਨ੍ਹਾਂ ਨੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | |
|---|---|
| **1.** ਸਰਦਾਰ ਬਿਕਰਮ ਸਿੰਘ ਮਜੀਠੀਆ, ਸ਼੍ਰੋਮਣੀ ਅਕਾਲੀ ਦਲ | 09 ਮਿੰਟ |
| **2.** ਸਰਦਾਰ ਅਮਰਿੰਦਰ ਸਿੰਘ ਰਾਜਾ ਵੜਿੰਗ, ਟਰਾਂਸਪੋਰਟ ਮੰਤਰੀ | 03 ਮਿੰਟ |
| **3.** ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 05 ਮਿੰਟ |
| **4.** ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |
| **5.** ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ ਪਾਰਟੀ | 01 ਮਿੰਟ |
| **6.** ਸਰਦਾਰ ਪਰਗਟ ਸਿੰਘ, ਸਕੂਲ ਸਿੱਖਿਆ ਮੰਤਰੀ | 01 ਮਿੰਟ |
| **7.** ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 05 ਮਿੰਟ |
| **8.** ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 08 ਮਿੰਟ |
| **9.** ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 04 ਮਿੰਟ |
| **10.** ਰਾਣਾ ਗੁਰਮੀਤ ਸਿੰਘ ਸੋਢੀ, ਇੰਡੀਅਨ ਨੈਸ਼ਨਲ ਕਾਂਗਰਸ | 04 ਮਿੰਟ |

ਸਰਦਾਰ ਚਰਨਜੀਤ ਸਿੰਘ ਚੰਨੀ, ਮੁੱਖ ਮੰਤਰੀ ਬਹਿਸ ਦਾ ਜਵਾਬ ਦਿੰਦੇ ਹੋਏ 15 ਮਿੰਟ ਲਈ ਬੋਲੇ।

**II.** ਸਰਦਾਰ ਰਣਦੀਪ ਸਿੰਘ ਨਾਭਾ, ਖੇਤੀਬਾੜੀ ਮੰਤਰੀ ਵੱਲੋਂ ਸਦਨ ਵਿਚ ਪੇਸ਼ ਕੀਤਾ ਗਿਆ ਮਤਾ ਸੋਧ ਸਮੇਤ ਹੇਠ ਲਿਖੇ ਅਨੁਸਾਰ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

"ਪੰਜਾਬ ਵਿਧਾਨ ਸਭਾ ਦਾ ਇਹ 16ਵਾਂ ਵਿਸ਼ੇਸ਼ ਇਜਲਾਸ ਕੇਂਦਰ ਸਰਕਾਰ ਦੀ ਇਸ ਕਾਰਵਾਈ ਤੇ ਆਪਣੀ ਚਿੰਤਾ ਅਤੇ ਨਿਰਾਸ਼ਾ ਦਾ ਪ੍ਰਗਟਾਵਾ ਕਰਦਾ ਹੈ, ਜਿਸ ਨੇ ਆਪਣੀ ਵਿਧਾਨਕ ਸਮਰੱਥਾ ਨੂੰ ਅਣਡਿੱਠਾ ਕਰਦੇ ਹੋਏ, ਰਾਜਾਂ ਦੇ ਅਧਿਕਾਰ ਖੇਤਰ ਵਿੱਚ ਦਖਲ ਦਿੱਤਾ ਅਤੇ ਖੇਤੀਬਾੜੀ ਸਬੰਧੀ ਤੇ ਕਾਨੂੰਨ ਬਣਾਇਆ, ਜੋ ਕਿ ਮੂਲ ਰੂਪ ਨਾਲ ਸੰਵਿਧਾਨ ਦੀ ਸੱਤਵੀਂ ਅਨੁਸੂਚੀ ਦੀ ਰਾਜ ਦੀ ਸੂਚੀ (ਸੂਚੀ II) ਵਿੱਚ ਆਉਂਦਾ ਹੈ ਅਤੇ ਤਿੰਨ ਕਾਨੂੰਨ ਲਾਗੂ ਕੀਤੇ: ਕਿਸਾਨ ਉਤਪਾਦ ਵਪਾਰ ਅਤੇ ਵਣਜ (ਪ੍ਰੋਤਸਾਹਨ ਅਤੇ ਸਰਲੀਕਰਣ) ਐਕਟ, 2020; ਮੁੱਲ ਭਰੋਸਾ ਅਤੇ ਖੇਤੀ ਸੇਵਾਵਾਂ ਤੇ ਕਿਸਾਨ (ਅਧਿਕਾਰਤਾ ਅਤੇ ਸੁਰੱਖਿਆ) ਸਮਝੌਤਾ ਐਕਟ, 2020; ਅਤੇ ਜ਼ਰੂਰੀ ਵਸਤੂਆਂ (ਸੋਧ) ਐਕਟ, 2020।

ਪੰਜਾਬ ਵਿਧਾਨ ਸਭਾ ਉਸ ਸਖਤ ਰਵੱਈਏ ਦੀ ਨਿੰਦਾ ਕਰਦੀ ਹੈ, ਜਿਸ ਤਰ੍ਹਾਂ ਨਾਲ ਕੇਂਦਰ ਸਰਕਾਰ ਨੇ 5 ਜੂਨ, 2020 ਨੂੰ ਭਾਈਵਾਲਾਂ (ਜਿਨ੍ਹਾਂ ਨੂੰ ਇਹ ਆਰਡੀਨੈਂਸ ਪ੍ਰਭਾਵਿਤ ਕਰਦੇ ਹਨ) ਜਾਂ ਰਾਜਾਂ (ਜਿਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਮਾਮਲਾ ਆਉਂਦਾ ਹੈ।) ਨਾਲ ਸਲਾਹ-ਮਸ਼ਵਰਾ ਕੀਤੇ ਬਿਨਾਂ ਖੇਤੀ ਨਾਲ ਸਬੰਧਤ ਤਿੰਨ ਆਰਡੀਨੈਂਸ ਜਾਰੀ ਕੀਤੇ ਸਨ।

ਪੰਜਾਬ ਵਿਧਾਨ ਸਭਾ ਪੁਰਜ਼ੋਰ ਢੰਗ ਨਾਲ ਕੇਂਦਰ ਸਰਕਾਰ ਦੇ ਹੰਕਾਰ ਦੀ ਨਿੰਦਾ ਕਰਦੀ ਹੈ, ਜਿਸ ਤਰ੍ਹਾਂ ਉਸਨੇ ਵਿਰੋਧੀ ਧਿਰ ਦੇ ਨਜ਼ਰੀਏ ਨੂੰ ਧਿਆਨ ਵਿੱਚ ਰੱਖੇ ਬਿਨਾਂ, ਸੰਸਦ ਵਿੱਚ ਧੱਕੇ ਨਾਲ ਬਿੱਲਾਂ ਨੂੰ ਸੰਸਦ ਦੀ ਚੋਣ ਕਮੇਟੀ ਕੋਲ ਸੁਝਾਅ ਭੇਜਦਿਆਂ ਵਿਵਾਦਪੂਰਨ ਆਰਡੀਨੈਂਸਾਂ ਦੀ ਥਾਂ ਲੈਣ ਵਾਲੇ ਤਿੰਨ ਐਕਟਾਂ ਨੂੰ ਲਾਗੂ ਕੀਤਾ ਹੈ।

ਪੰਜਾਬ ਵਿਧਾਨ ਸਭਾ ਦਾ ਇਹ ਵਿਸ਼ੇਸ਼ ਤੌਰ ਤੇ ਬੁਲਾਇਆ ਗਿਆ ਇਜਲਾਸ ਚਿੰਤਾ ਪ੍ਰਗਟ ਕਰਦਾ ਹੈ ਕਿ ਰਾਜ ਸਭਾ ਵਿੱਚ ਵਿਵਾਦਪੂਰਨ ਬਿੱਲਾਂ ਦੇ ਪਾਸ ਹੋਣ ਸਮੇਂ, ਵਿਰੋਧੀ ਧਿਰ ਦੀ ਗਿਣਤੀ ਦੇ ਆਧਾਰ ਤੇ ਵੰਡ ਦੀ ਮੰਗ ਨੂੰ ਸਵੀਕਾਰ ਨਹੀਂ ਕੀਤਾ ਗਿਆ ਸੀ।

ਪੰਜਾਬ ਵਿਧਾਨ ਸਭਾ ਕੇਂਦਰ ਸਰਕਾਰ ਵੱਲੋਂ ਖੇਤੀਬਾੜੀ ਅਤੇ ਇਸ ਨਾਲ ਸਬੰਧਤ ਮਾਮਲਿਆਂ ਤੇ ਤਿੰਨ ਵਿਵਾਦਤ ਕਾਨੂੰਨਾਂ ਨੂੰ ਲਾਗੂ ਕਰਨ ਲਈ ਸਮਵਰਤੀ ਸੂਚੀ ਦੇ ਇੰਦਰਾਜ 33 ਦੀ ਵਰਤੋਂ ਦੀ ਨਿਖੇਧੀ ਅਤੇ ਨਿੰਦਾ ਕਰਦੀ ਹੈ। ਇਹ ਸਦਨ ਇੱਕ ਵਾਰ ਫਿਰ ਇਸ ਗੱਲ ਤੇ ਜ਼ੋਰ ਦਿੰਦਾ ਹੈ ਕਿ ਖੇਤੀਬਾੜੀ ਅਤੇ ਖੇਤੀਬਾੜੀ ਨਾਲ ਸਬੰਧਤ ਕੋਈ ਵੀ ਗਤੀਵਿਧੀ ਜਿਸ ਵਿੱਚ ਖੇਤੀਬਾੜੀ ਉਤਪਾਦ ਦਾ ਮੰਡੀਕਰਨ ਅਤੇ ਭੰਡਾਰਨ ਸ਼ਾਮਲ ਹੈ, ਰਾਜ ਦਾ ਵਿਸ਼ਾ ਹੈ। ਸਮਵਰਤੀ ਸੂਚੀ ਦਾ ਇੰਦਰਾਜ਼ 33 ਵਪਾਰ ਅਤੇ ਵਣਜ ਨਾਲ ਸਬੰਧਤ ਹੈ ਅਤੇ ਖੇਤੀਬਾੜੀ ਨਾ ਤਾਂ ਵਪਾਰ ਅਤੇ ਨਾ ਹੀ ਵਣਜ ਹੈ । ਕਿਸਾਨ ਨਾ ਤਾਂ ਵਪਾਰੀ ਹੈ ਅਤੇ ਨਾ ਹੀ ਵਪਾਰਕ ਗਤੀਵਿਧੀਆਂ ਵਿੱਚ ਸ਼ਾਮਲ ਹੈ, ਉਹ ਸਿਰਫ਼ ਇੱਕ ਕਾਸ਼ਤਕਾਰ/ਉਤਪਾਦਕ/ਉਪਜਾਉਣ ਵਾਲਾ ਹੈ ਜੋ ਆਪਣੀ ਉਪਜ ਨੂੰ ਘੱਟੋ-ਘੱਟ ਸਮਰਥਨ ਮੁੱਲ ਤੇ ਜਾਂ ਵਪਾਰੀ ਦੁਆਰਾ ਨਿਰਧਾਰਤ ਕੀਮਤ ਤੇ ਏ.ਪੀ.ਐਮ.ਸੀ. ਮੰਡੀ ਵਿੱਚ ਵੇਚਣ ਲਈ ਲਿਆਉਂਦਾ ਹੈ।

ਪੰਜਾਬ ਵਿਧਾਨ ਸਭਾ ਨੇ ਕੇਂਦਰ ਸਰਕਾਰ ਵੱਲੋਂ ਸਮਵਰਤੀ ਸੂਚੀ ਦੇ ਇੰਦਰਾਜ਼ 33(ਬੀ) ਵਿੱਚ ਖਾਧ-ਪਦਾਰਥ ਸ਼ਬਦ ਨੂੰ ਖੇਤੀਬਾੜੀ ਸਮੱਗਰੀ (ਖੇਤੀ ਉਤਪਾਦ) ਦੇ ਬਰਾਬਰ ਹੋਣ ਦੀ ਗਲਤ ਵਿਆਖਿਆ ਕਰਕੇ ਸੰਸਦ ਨੂੰ ਗੁੰਮਰਾਹ ਕਰਨ ਦੇ ਕੰਮ ਦੀ ਨਿਖੇਧੀ ਕੀਤੀ ਹੈ ਅਤੇ ਇਸ ਤਰ੍ਹਾਂ ਕੇਂਦਰ ਸਰਕਾਰ ਨੇ ਬੇਈਮਾਨੀ ਕਰਦੇ ਹੋਏ ਅਸਿੱਧੇ ਤੌਰ ਕੇ ਉਹ ਪ੍ਰਾਪਤ ਕਰਨ ਦਾ ਯਤਨ ਕੀਤਾ ਹੈ ਜੋ ਇਹ ਸਿੱਧੇ ਤੌਰ ਕੇ ਨਹੀਂ ਕਰ ਸਕੀ, ਜਿਸ ਤੇ ਪ੍ਰਸ਼ਨ ਉੱਠਦੇ ਹਨ।

ਪੰਜਾਬ ਵਿਧਾਨ ਸਭਾ ਕੇਂਦਰ ਸਰਕਾਰ ਨੂੰ ਯਾਦ ਦਿਵਾਉਂਦੀ ਹੈ ਕਿ ਏ.ਪੀ.ਐਮ.ਸੀ. ਐਕਟਾਂ ਦੀ ਸੰਵਿਧਾਨਕ ਵੈਧਤਾ ਅਤੇ ਮਨਜ਼ੂਰੀ ਹੈ। ਇਹ ਰਾਜ ਦੇ ਕਾਨੂੰਨ ਹਨ ਜੋ ਇਸ ਧਾਰਨਾ ਅਧੀਨ ਤਿਆਰ ਕੀਤੇ ਗਏ ਹਨ ਕਿ ਖੇਤੀਬਾੜੀ ਅਤੇ ਖੇਤੀਬਾੜੀ ਮੰਡੀਕਰਣ ਰਾਜ ਦਾ ਵਿਸ਼ਾ ਹੈ। ਏ.ਪੀ.ਐਮ.ਸੀ. ਐਕਟਾਂ ਦੇ ਅਧੀਨ ਸਥਾਪਿਤ ਕੀਤੀਆਂ ਗਈਆਂ ਨਿਯੰਤ੍ਰਿਤ ਮੰਡੀਆਂ ਦੀ ਇੱਕ ਕਾਨੂੰਨੀ ਬੁਨਿਆਦ, ਬੁਨਿਆਦੀ ਢਾਂਚਾ ਅਤੇ ਇੱਕ ਵਪਾਰੀ ਜਾਂ ਸਰਕਾਰੀ ਖਰੀਦ ਏਜੰਸੀ ਦੁਆਰਾ ਕੀਤੀ ਗਈ ਹਰੇਕ ਖਰੀਦ ਨੂੰ ਦਸਤਾਵੇਜ਼ੀ ਰੂਪ ਨਾਲ ਦਰਜ ਕਰਨ ਲਈ ਇੱਕ ਸੁਚੱਜੀ ਪਰਿਭਾਸ਼ਿਤ ਵਿਧੀ ਹੈ। ਦੂਜੇ ਪਾਸੇ ਗੈਰ-ਨਿਯੰਤ੍ਰਿਤ ਬਾਜ਼ਾਰ ਬਿਨਾਂ ਕਿਸੇ ਬੁਨਿਆਦੀ ਢਾਂਚੇ, ਬਿਨਾਂ ਕਿਸੇ ਸੰਸਥਾਗਤ ਸਹਾਇਤਾ ਅਤੇ ਬਿਨਾਂ ਕਿਸੇ ਜਵਾਬਦੇਹੀ ਦੇ ਬਣਾਉਟੀ ਵਪਾਰਕ ਕੇਂਦਰਾਂ ਦੇ ਸਮਾਨ ਹਨ।

ਪੰਜਾਬ ਵਿਧਾਨ ਸਭਾ ਕਿਸਾਨ ਹਿਤੈਸ਼ੀ ਨਿਯੰਤ੍ਰਿਤ ਮੰਡੀਆਂ (ਏ.ਪੀ.ਐਮ.ਸੀ. ਮੰਡੀਆਂ) ਨੂੰ ਯੋਜਨਾਬੱਧ ਢੰਗ ਨਾਲ ਖਤਮ ਕਰਨ ਅਤੇ ਇਨ੍ਹਾਂ ਨੂੰ ਵਪਾਰੀ ਪੱਖੀ ਅਨਿਯਮਿਤ ਮੰਡੀਆਂ ਨਾਲ ਤਬਦੀਲ ਕਰਨ ਦੇ ਉਦੇਸ਼ ਨਾਲ ਕੇਂਦਰ ਸਰਕਾਰ ਦੇ ਯਤਨਾਂ ਦੀ ਸਖਤ ਨਿਖੇਧੀ ਅਤੇ ਨਿੰਦਾ ਕਰਦੀ ਹੈ। ਪੰਜਾਬ ਵਿਧਾਨ ਸਭਾ ਵਪਾਰੀਆਂ ਅਤੇ ਕਾਰਪੋਰੇਸ਼ਨਾਂ ਨੂੰ ਮਾਰਕੀਟ ਫੀਸ, ਪੇਂਡੂ ਵਿਕਾਸ ਫੀਸ ਆਦਿ ਦਾ ਭੁਗਤਾਨ ਕੀਤੇ ਬਿਨਾਂ ਗੈਰ-ਨਿਯੰਤ੍ਰਿਤ ਮੰਡੀਆਂ ਤੋਂ ਖਰੀਦ ਕਰਨ ਦੀ ਆਗਿਆ ਦੇਣ ਅਤੇ ਇਸ ਤਰ੍ਹਾਂ ਨਿਯੰਤ੍ਰਿਤ ਮੰਡੀਆਂ ਦੇ ਮੁਕਾਬਲੇ ਗੈਰ-ਨਿਯੰਤ੍ਰਿਤ ਮੰਡੀਆਂ ਨੂੰ ਨਾਜਾਇਜ਼ ਫਾਇਦਾ ਪਹੁੰਚਾਉਣ ਲਈ ਦਿੱਤੀਆਂ ਗਈਆਂ ਅਨੁਚਿਤ ਰਿਆਇਤਾਂ ਤੇ ਚਿੰਤਾ ਪ੍ਰਗਟ ਕਰਦੀ ਹੈ। ਇਸ ਨਾਲ ਆਖਰ ਏ.ਪੀ.ਐਮ.ਸੀ. ਮੰਡੀਆਂ ਤੋਂ

ਵਪਾਰ ਦੇ ਨਿੱਜੀ ਮੰਡੀਆਂ ਦੇ ਹੱਥ ਵਿੱਚ ਚਲੇ ਜਾਣ ਦੇ ਨਾਲ-ਨਾਲ ਜਿੱਥੇ ਰਾਜ ਸਰਕਾਰ ਨੂੰ ਵਿੱਤੀ ਨੁਕਸਾਨ ਹੋਵੇਗਾ ਉੱਥੇ ਹੀ ਪੇਂਡੂ ਵਿਕਾਸ ਤੇ ਮਾੜਾ ਅਸਰ ਪਵੇਗਾ।

ਪੰਜਾਬ ਵਿਧਾਨ ਸਭਾ ਦਾ ਇਹ ਵਿਸ਼ੇਸ਼ ਇਜਲਾਸ ਕੇਂਦਰ ਸਰਕਾਰ ਨੂੰ ਯਾਦ ਕਰਵਾਉਂਦਾ ਹੈ ਕਿ 86% ਕਿਸਾਨਾਂ ਕੋਲ ਥੋੜ੍ਹੀ ਜਿਹੀ ਜ਼ਮੀਨ ਹੈ ਜੋ ਹੋਰ ਪੇਂਡੂ ਕਿਰਤ-ਬਲ ਜਿਵੇਂ ਕਿ ਤਰਖਾਣ, ਜੁਲਾਹੇ, ਮਿਸਤਰੀ ਅਤੇ ਗੈਰ-ਹੁਨਰਮੰਦ ਮਜ਼ਦੂਰਾਂ ਨਾਲ ਮਿਲਕੇ ਪੇਂਡੂ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਬਣਾਉਂਦੇ ਹਨ। ਕੇਂਦਰ ਸਰਕਾਰ ਇਨ੍ਹਾਂ ਵਿਵਾਦਗ੍ਰਸਤ ਕਾਨੂੰਨਾਂ ਰਾਹੀਂ ਉਨ੍ਹਾਂ ਨੂੰ ਉਨ੍ਹਾਂ ਦੀਆਂ ਜ਼ਮੀਨਾਂ ਅਤੇ ਕਿੱਤਿਆਂ ਤੋਂ ਬੇਦਖਲ ਕਰਕੇ ਕਾਰਪੋਰੇਟ ਰੂਪੀ ਬਘਿਆੜਾਂ ਦੇ ਰਹਿਮੋ-ਕਰਮ ਤੇ ਛੱਡਣ ਦਾ ਰਾਹ ਪੱਧਰਾ ਕਰ ਰਹੀ ਹੈ। ਇਨ੍ਹਾਂ ਕਾਨੂੰਨਾਂ ਨੂੰ ਇੱਕ ਨਜ਼ਰ ਪੜ੍ਹਨ ਨਾਲ ਹੀ ਸਪੱਸ਼ਟ ਹੋ ਜਾਂਦਾ ਹੈ ਕਿ ਇਹ ਵੱਡੇ ਪੱਧਰ ਤੇ ਕਾਰਪੋਰੇਸ਼ਨਾਂ ਦੇ ਹੱਕ ਵਿੱਚ ਹਨ ਅਤੇ ਛੋਟੇ ਅਤੇ ਸੀਮਾਂਤ ਕਿਸਾਨਾਂ ਦੇ ਹਿੱਤਾਂ ਲਈ ਨੁਕਸਾਨਦੇਹ ਹਨ। ਪੰਜਾਬ ਵਿਧਾਨ ਸਭਾ ਪੇਂਡੂ ਗਰੀਬਾਂ ਵਿਰੁਧ ਇਸ ਸਾਜ਼ਿਸ਼ ਦਾ ਪੱਖ ਨਹੀਂ ਪੂਰ ਸਕਦੀ; ਸਗੋਂ ਇਹ ਤਿੰਨ ਗੈਰ-ਸੰਵਿਧਾਨਿਕ ਕਾਨੂੰਨਾਂ ਨੂੰ ਰੱਦ ਕਰਨ ਲਈ ਕਿਸਾਨਾਂ ਅਤੇ ਪੇਂਡੂ ਜਨ-ਸ਼ਕਤੀ ਦਾ ਇਸ ਸੰਘਰਸ਼ ਵਿੱਚ ਪੂਰਾ ਸਮਰਥਨ ਕਰਨ ਦਾ ਸੰਕਲਪ ਕਰਦੀ ਹੈ।

ਪੰਜਾਬ ਵਿਧਾਨ ਸਭਾ ਦਾ ਇਹ ਵਿਸ਼ੇਸ਼ ਇਜਲਾਸ ਸੰਸਦ ਵਿੱਚ ਇੱਕ ਵਿਸ਼ੇਸ਼ ਕਾਨੂੰਨ ਬਣਾਉਣ ਦੀ ਮੰਗ ਕਰਦਾ ਹੈ, ਜੋ ਕਿ ਗਰੀਬ ਅਤੇ ਛੋਟੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਰੇ ਤਾਂ ਜੋ ਉਨ੍ਹਾਂ ਨੂੰ ਕਾਰਪੋਰੇਟ ਮਗਰਮੱਛਾਂ ਦੇ ਭਵਿੱਖੀ ਸ਼ੋਸ਼ਣ ਤੋਂ ਬਚਾਇਆ ਜਾ ਸਕੇ ਜੋ ਵਾਢੀ ਦੇ ਸੀਜ਼ਨ ਦੌਰਾਨ ਫਸਲਾਂ ਦੀ ਖਰੀਦ ਘੱਟੋ-ਘੱਟ ਸਮਰਥਨ ਮੁੱਲ ਤੋਂ ਘੱਟ ਕੀਮਤ ਤੇ ਕਰ ਕੇ, ਇਸ ਨੂੰ ਸਟੋਰ ਕਰਕੇ ਉੱਚ ਕੀਮਤਾਂ ਤੇ ਖਪਤਕਾਰਾਂ ਨੂੰ ਵੇਚ ਸਕਦੇ ਹਨ। ਸੁਝਾਏ ਗਏ ਵਿਸ਼ੇਸ਼ ਕਾਨੂੰਨਾਂ ਵਿੱਚ ਕਿਸਾਨਾਂ ਨੂੰ ਕਾਨੂੰਨੀ ਗਾਰੰਟੀ ਪ੍ਰਦਾਨ ਕਰਨੀ ਚਾਹੀਦੀ ਹੈ ਕਿ ਉਨ੍ਹਾਂ ਦੀ ਉਪਜ ਦੀ ਖਰੀਦ ਘੱਟੋ-ਘੱਟ ਸਮਰਥਨ ਮੁੱਲ ਤੋਂ ਘੱਟ ਕੀਮਤ ਤੇ ਨਹੀਂ ਕੀਤੀ ਜਾਵੇਗੀ ਅਤੇ ਘੱਟੋ-ਘੱਟ ਸਮਰਥਨ ਮੁੱਲ ਤੋਂ ਘੱਟ ਕੀਮਤ ਤੇ ਖੇਤੀ ਉਪਜ ਦੀ ਖਰੀਦ ਦੰਡਯੋਗ ਅਪਰਾਧ ਹੋਵੇਗਾ। ਪੰਜਾਬ ਵਿਧਾਨ ਸਭਾ ਮੰਗ ਕਰਦੀ ਹੈ ਸਾਰਿਆਂ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਤੇ ਖਰੀਦ ਲਾਜ਼ਮੀ ਹੋਣੀ ਚਾਹੀਦੀ ਹੈ ਅਤੇ ਘੱਟੋ-ਘੱਟ ਸਮਰਥਨ ਮੁੱਲ ਦੀ ਗਣਨਾ ਵਿਆਪਕ ਲਾਗਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਕੀਤੀ ਜਾਣੀ ਚਾਹੀਦੀ ਹੈ।

ਉਪਰੋਕਤ ਦੇ ਮੱਦੇਨਜ਼ਰ, 11 ਨਵੰਬਰ 2021 ਨੂੰ ਪੰਜਾਬ ਵਿਧਾਨ ਸਭਾ ਦਾ ਇਹ ਵਿਸ਼ੇਸ਼ ਇਜਲਾਸ, ਮਾਨਯੋਗ ਖੇਤੀਬਾੜੀ ਮੰਤਰੀ, ਪੰਜਾਬ ਵੱਲੋਂ ਪੇਸ਼ ਕੀਤੇ ਗਏ ਅਤੇ ਸਦਨ ਵੱਲੋਂ ਪਾਸ ਕੀਤੇ ਗਏ ਮਤੇ ਰਾਹੀਂ, ਇੱਕ ਵਾਰ ਫਿਰ ਤਿੰਨ ਵਿਵਾਦਗ੍ਰਸਤ ਕਾਨੂੰਨਾਂ ਨੂੰ ਰੱਦ ਕਰਦਾ ਹੈ ਅਤੇ ਕੇਂਦਰ ਸਰਕਾਰ ਵੱਲੋਂ ਬਿਨਾਂ ਕਿਸੇ ਸਮਰੱਥਾ ਦੇ, ਰਾਜਾਂ ਦੇ ਅਧਿਕਾਰ ਖੇਤਰ ਵਿੱਚ ਗਲਤ ਢੰਗ ਨਾਲ ਦਖਲ ਦਿੰਦਿਆਂ, ਖੇਤੀਬਾੜੀ ਰਾਜ ਦਾ ਵਿਸ਼ਾ ਹੋਣ ਦੇ ਤੱਥ ਨੂੰ ਨਜ਼ਰਅੰਦਾਜ਼ ਕਰਦਿਆਂ ਅਤੇ ਸੂਚੀ III ਦੇ ਇੰਦਰਾਜ਼ 33 ਦੀ ਗਲਤ ਵਿਆਖਿਆ ਕਰਦਿਆਂ ਲਾਗੂ ਕੀਤੇ ਇਨ੍ਹਾਂ ਕਾਨੂੰਨਾਂ ਨੂੰ ਰੱਦ ਕਰਨ ਦੀ ਮੰਗ ਕਰਦਾ ਹੈ।

ਇਸ ਮਤੇ ਦੀ ਰੂਹ ਦੇ ਨਾਲ ਇਹ ਸਦਨ ਪੰਜਾਬ ਸਰਕਾਰ ਨੂੰ ਹਦਾਇਤ ਕਰਦਾ ਹੈ ਕਿ ਪੰਜਾਬ ਸਰਕਾਰ ਪੰਜਾਬ ਵਿੱਚ ਕਿਸੇ ਵੀ ਰੂਪ ਵਿੱਚ ਇਨ੍ਹਾਂ ਉਪਰੋਕਤ ਤਿੰਨ ਕਾਲੇ ਕਾਨੂੰਨਾਂ ਨੂੰ ਲਾਗੂ ਨਾ ਕਰੇ।

**10. ਵਿਧਾਨਕ ਕੰਮ-ਕਾਰ**

**1. ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਸੋਧਨਾ) ਬਿਲ, 2021**

ਖੇਤੀਬਾੜੀ ਮੰਤਰੀ ਵੱਲੋਂ ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਸੋਧਨਾ) ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 15 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਖੇਤੀਬਾੜੀ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਸੋਧਨਾ) ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

**2. ਦੀ ਪੰਜਾਬ ਕੰਨਟਰੈਕਟ ਫਾਰਮਿੰਗ (ਰਿਪੀਲ) ਬਿਲ, 2021**

ਖੇਤੀਬਾੜੀ ਮੰਤਰੀ ਵੱਲੋਂ ਦੀ ਪੰਜਾਬ ਕੰਨਟਰੈਕਟ ਫਾਰਮਿੰਗ (ਰਿਪੀਲ) ਬਿਲ, 2021 ਪੇਸ਼ ਕੀਤਾ ਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤਰੁੰਤ ਵਿਚਾਰ ਕੀਤਾ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਖੇਤੀਬਾੜੀ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਪੰਜਾਬ ਕੰਨਟਰੈਕਟ ਫਾਰਮਿੰਗ (ਰਿਪੀਲ) ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਕਾਰੀ ਮਤੇ ਅਤੇ ਉਪਰੋਕਤ ਦੋ ਬਿਲਾਂ ਤੇ ਹੋਈ ਬਹਿਸ ਤੇ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਦੇ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ, ਇੰਡੀਅਨ ਨੈਸ਼ਨਲ ਕਾਂਗਰਸ | 16 ਮਿੰਟ |
| 2. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 09 ਮਿੰਟ |
| 3. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 15 ਮਿੰਟ |
| 4. | ਸਰਦਾਰ ਹਰਮਿੰਦਰ ਸਿੰਘ ਗਿੱਲ, ਇੰਡੀਅਨ ਨੈਸ਼ਨਲ ਕਾਂਗਰਸ | 10 ਮਿੰਟ |
| 5. | ਸ੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 07 ਮਿੰਟ |
| 6. | ਸਰਦਾਰ ਸ਼ਰਨਜੀਤ ਸਿੰਘ ਢਿੱਲੋਂ, ਸ਼੍ਰੋਮਣੀ ਅਕਾਲੀ ਦਲ | 03 ਮਿੰਟ |
| 7. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 06 ਮਿੰਟ |
| 8. | ਸਰਦਾਰ ਨਵਜੋਤ ਸਿੰਘ ਸਿੱਧੂ, ਇੰਡੀਅਨ ਨੈਸ਼ਨਲ ਕਾਂਗਰਸ | 26 ਮਿੰਟ |

ਸਰਦਾਰ ਰਣਦੀਪ ਸਿੰਘ ਨਾਭਾ, ਖੇਤੀਬਾੜੀ ਮੰਤਰੀ ਬਹਿਸ ਦਾ ਜਵਾਬ ਦਿੰਦੇ ਹੋਏ 14 ਮਿੰਟ ਲਈ ਬੋਲੇ।

**11. <u>ਵਾਈਟ ਪੇਪਰ ਸਦਨ ਦੀ ਮੇਜ਼ ਤੇ ਰੱਖਣਾ</u>**

ਮੁੱਖ ਮੰਤਰੀ ਦੁਆਰਾ ਪਾਵਰ ਸੈਕਟਰ (ਅਵਧੀ: 2006-07 ਤੋਂ 2020-21) ਤੇ ਵਾਈਟ ਪੇਪਰ ਸਦਨ ਦੀ ਮੇਜ਼ ਤੇ ਰੱਖਿਆ ਗਿਆ।

**12. <u>ਵਿਧਾਨਕ ਕੰਮ-ਕਾਰ</u>**

**3. <u>ਦੀ ਪੰਜਾਬ ਐਨਰਜੀ ਸਿਕਊਰਿਟੀ, ਰਿਫਾਰਮ, ਟਰਮੀਨੇਸ਼ਨ ਐਂਡ ਰੀ-ਡਿਟਰੀਮੀਨੇਸ਼ਨ ਆਫ ਟੈਰਿਫ ਬਿਲ, 2021</u>**

ਮੁੱਖ ਮੰਤਰੀ ਵੱਲੋਂ ਦੀ ਪੰਜਾਬ ਐਨਰਜੀ ਸਿਕਊਰਿਟੀ, ਰਿਫਾਰਮ, ਟਰਮੀਨੇਸ਼ਨ ਐਂਡ ਰੀ-ਡਿਟਰੀਮੀਨੇਸ਼ਨ ਆਫ ਟੈਰਿਫ ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਅਤੇ 3), ਕਲਾਜ਼ਾਂ 2 ਤੋਂ 9 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਪੰਜਾਬ ਐਨਰਜੀ ਸਿਕਊਰਿਟੀ, ਰਿਫਾਰਮ, ਟਰਮੀਨੇਸ਼ਨ ਐਂਡ ਰੀ-ਡਿਟਰੀਮੀਨੇਸ਼ਨ ਆਫ ਟੈਰਿਫ ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

**4. <u>ਦੀ ਪੰਜਾਬ ਰੀਨਿਊਏਬਲ ਐਨਰਜੀ ਸਿਕਊਰਿਟੀ, ਰਿਫਾਰਮ, ਟਰਮੀਨੇਸ਼ਨ ਐਂਡ ਰੀ-ਡਿਟਰੀਮੀਨੇਸ਼ਨ ਆਫ ਪਾਵਰ ਟੈਰਿਫ ਬਿਲ, 2021</u>**

ਨਵੇਂ ਅਤੇ ਗੈਰ-ਨਵਿਆਉਣਯੋਗ ਉਰਜਾ ਸਰੋਤ ਮੰਤਰੀ ਵੱਲੋਂ ਦੀ ਪੰਜਾਬ ਰੀਨਿਊਏਬਲ ਐਨਰਜੀ ਸਿਕਊਰਿਟੀ, ਰਿਫਾਰਮ, ਟਰਮੀਨੇਸ਼ਨ ਐਂਡ ਰੀ-ਡਿਟਰੀਮੀਨੇਸ਼ਨ ਆਫ ਪਾਵਰ ਟੈਰਿਫ ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਅਤੇ 3), ਕਲਾਜ਼ਾਂ 2 ਤੋਂ 9 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਸ਼ਡਿਊਲ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਨਵੇਂ ਅਤੇ ਗੈਰ-ਨਵਿਆਉਣਯੋਗ ਉਰਜਾ ਸਰੋਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਪੰਜਾਬ ਰੀਨਿਊਏਬਲ ਐਨਰਜੀ ਸਿਕਊਰਿਟੀ, ਰਿਫਾਰਮ, ਟਰਮੀਨੇਸ਼ਨ ਐਂਡ ਰੀ-ਡਿਟਰੀਮੀਨੇਸ਼ਨ ਆਫ ਪਾਵਰ ਟੈਰਿਫ ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਵਾਈਟ ਪੇਪਰ ਅਤੇ ਉਪਰੋਕਤ ਦੋ ਬਿਲਾਂ ਤੇ ਹੋਈ ਬਹਿਸ ਤੇ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਦੇ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ | 18 ਮਿੰਟ |
| 2. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 01 ਮਿੰਟ |
| 3. | ਸਰਦਾਰ ਪਰਗਟ ਸਿੰਘ, ਸਕੂਲੀ ਸਿੱਖਿਆ ਮੰਤਰੀ | 09 ਮਿੰਟ |
| 4. | ਸ੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 10 ਮਿੰਟ |
| 5. | ਸਰਦਾਰ ਨਵਜੋਤ ਸਿੰਘ ਸਿੱਧੂ, ਇੰਡੀਅਨ ਨੈਸ਼ਨਲ ਕਾਂਗਰਸ | 10 ਮਿੰਟ |
| 6. | ਸ੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ | 04 ਮਿੰਟ |
| 7. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 06 ਮਿੰਟ |

ਸਰਦਾਰ ਚਰਨਜੀਤ ਸਿੰਘ ਚੰਨੀ, ਮੁੱਖ ਮੰਤਰੀ ਬਹਿਸ ਦਾ ਜਵਾਬ ਦਿੰਦੇ ਹੋਏ 57 ਮਿੰਟ ਲਈ ਬੋਲੇ।

**5. ਪੰਜਾਬ (ਸੰਸਥਾ ਅਤੇ ਹੋਰ ਇਮਾਰਤਾਂ) ਟੈਕਸ (ਰੱਦ) ਬਿਲ, 2021**

ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਵੱਲੋਂ ਪੰਜਾਬ (ਸੰਸਥਾ ਅਤੇ ਹੋਰ ਇਮਾਰਤਾਂ) ਟੈਕਸ (ਰੱਦ) ਬਿਲ, 2021ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਪੰਜਾਬ (ਸੰਸਥਾ ਅਤੇ ਹੋਰ ਇਮਾਰਤਾਂ) ਟੈਕਸ (ਰੱਦ) ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

**6. ਦੀ ਪਲਾਕਸ਼ਾ ਯੂਨੀਵਰਸਿਟੀ ਪੰਜਾਬ ਬਿਲ, 2021 (ਆਰਡੀਨੈਂਸ ਦੀ ਥਾਂ ਲੈਣ ਲਈ)**

ਉਚੇਰੀ ਸਿੱਖਿਆ ਮੰਤਰੀ ਵੱਲੋਂ ਦੀ ਪਲਾਕਸ਼ਾ ਯੂਨੀਵਰਸਿਟੀ ਪੰਜਾਬ ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 38 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਪਲਾਕਸ਼ਾ ਯੂਨੀਵਰਸਿਟੀ ਪੰਜਾਬ ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

**7. ਦੀ ਲੈਮਰਿਨ ਟੈੱਕ ਸਕਿਲਜ਼ ਯੂਨੀਵਰਸਿਟੀ, ਪੰਜਾਬ ਬਿਲ, 2021 (ਆਰਡੀਨੈਂਸ ਦੀ ਥਾਂ ਲੈਣ ਲਈ)**

ਉਚੇਰੀ ਸਿੱਖਿਆ ਮੰਤਰੀ ਵੱਲੋਂ ਦੀ ਲੈਮਰਿਨ ਟੈੱਕ ਸਕਿਲਜ਼ ਯੂਨੀਵਰਸਿਟੀ, ਪੰਜਾਬ ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 38 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਲੈਮਰਿਨ ਟੈੱਕ ਸਕਿਲਜ਼ ਯੂਨੀਵਰਸਿਟੀ, ਪੰਜਾਬ ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਉਚੇਰੀ ਸਿੱਖਿਆ ਮੰਤਰੀ 01 ਮਿੰਟ ਲਈ ਬੋਲੇ।

8. **<u>ਪੰਜਾਬ ਕਾਰੋਬਾਰ ਦਾ ਅਧਿਕਾਰ (ਸੋਧਨਾ) ਬਿਲ, 2021</u>**

ਉਦਯੋਗ ਅਤੇ ਵਣਜ ਮੰਤਰੀ ਵੱਲੋਂ ਪੰਜਾਬ ਕਾਰੋਬਾਰ ਦਾ ਅਧਿਕਾਰ (ਸੋਧਨਾ) ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 6 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਦਯੋਗ ਅਤੇ ਵਣਜ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਪੰਜਾਬ ਕਾਰੋਬਾਰ ਦਾ ਅਧਿਕਾਰ (ਸੋਧਨਾ) ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

9. **<u>ਪੰਜਾਬ ਵਸਤਾਂ ਅਤੇ ਸੇਵਾਵਾਂ ਕਰ (ਸੋਧਨਾ ) ਬਿਲ, 2021</u>**

ਵਿੱਤ ਮੰਤਰੀ ਵੱਲੋਂ ਪੰਜਾਬ ਵਸਤਾਂ ਅਤੇ ਸੇਵਾਵਾਂ ਕਰ (ਸੋਧਨਾ ) ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 15 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਪੰਜਾਬ ਵਸਤਾਂ ਅਤੇ ਸੇਵਾਵਾਂ ਕਰ (ਸੋਧਨਾ ) ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

10. **<u>ਦੀ ਪੰਜਾਬ ਆਫੀਸ਼ੀਅਲ ਲੈਂਗੁਏਜ਼ (ਸੋਧਨਾ) ਬਿਲ, 2021</u>**

ਸਕੂਲ ਸਿੱਖਿਆ ਮੰਤਰੀ ਵੱਲੋਂ ਦੀ ਪੰਜਾਬ ਆਫੀਸ਼ੀਅਲ ਲੈਂਗੁਏਜ਼ (ਸੋਧਨਾ) ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਕੂਲ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਪੰਜਾਬ ਆਫੀਸ਼ੀਅਲ ਲੈਂਗੁਏਜ਼ (ਸੋਧਨਾ) ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ

ਬਹਿਸ ਵਿੱਚ ਹਿੱਸਾ ਲੈਂਦੇ ਸਮੇਂ ਸਰਦਾਰ ਕੰਵਰ ਸੰਧੂ ਆਮ ਆਦਮੀ ਪਾਰਟੀ 02 ਮਿੰਟ ਲਈ ਬੋਲੇ।

ਬਹਿਸ ਵਿੱਚ ਹਿੱਸਾ ਲੈਂਦੇ ਸਮੇਂ ਸਰਦਾਰ ਚਰਨਜੀਤ ਸਿੰਘ ਚੰਨੀ, ਮੁੱਖ ਮੰਤਰੀ 02 ਮਿੰਟ ਲਈ ਬੋਲੇ।

ਸਰਦਾਰ ਪਰਗਟ ਸਿੰਘ, ਸਕੂਲ ਸਿੱਖਿਆ ਮੰਤਰੀ ਬਹਿਸ ਦਾ ਜਵਾਬ ਦਿੰਦੇ ਸਮੇਂ 01 ਮਿੰਟ ਲਈ ਬੋਲੇ।

11. **<u>ਦੀ ਪੰਜਾਬ ਲਰਨਿੰਗ ਆਫ ਪੰਜਾਬੀ ਐਂਡ ਅਦਰ ਲੈਂਗੁਏਜ਼ਜ਼ ( ਸੋਧਨਾ) ਬਿਲ, 2021</u>**

ਸਕੂਲ ਸਿੱਖਿਆ ਮੰਤਰੀ ਵੱਲੋਂ ਦੀ ਪੰਜਾਬ ਲਰਨਿੰਗ ਆਫ ਪੰਜਾਬੀ ਐਂਡ ਅਦਰ ਲੈਂਗੁਏਜ਼ਜ਼ ( ਸੋਧਨਾ) ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਕੂਲ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਪੰਜਾਬ ਲਰਨਿੰਗ ਆਫ ਪੰਜਾਬੀ ਐਂਡ ਅਦਰ ਲੈਂਗੁਏਜ਼ਜ਼ ( ਸੋਧਨਾ) ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ

ਸਰਦਾਰ ਪਰਗਟ ਸਿੰਘ, ਸਕੂਲ ਸਿੱਖਿਆ ਮੰਤਰੀ 01 ਮਿੰਟ ਲਈ ਬੋਲੇ।

12. **ਪੰਜਾਬ ਸਬੰਧਤ ਕਾਲਜ਼ਜ਼ (ਸੇਵਾ ਦੀ ਸੁਰੱਖਿਆ) ਸੋਧਨਾ ਬਿਲ, 2021**

ਉਚੇਰੀ ਸਿੱਖਿਆ ਮੰਤਰੀ ਵੱਲੋਂ ਪੰਜਾਬ ਸਬੰਧਤ ਕਾਲਜ਼ਜ਼ (ਸੇਵਾ ਦੀ ਸੁਰੱਖਿਆ) ਸੋਧਨਾ ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 5 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਪੰਜਾਬ ਸਬੰਧਤ ਕਾਲਜ਼ਜ਼ (ਸੇਵਾ ਦੀ ਸੁਰੱਖਿਆ) ਸੋਧਨਾ ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

13. **ਦੀ ਪੰਜਾਬ ਵਨ-ਟਾਇਮ ਵਾਲੰਟਰੀ ਡਿਸਕਲੋਜ਼ਰ ਐਂਡ ਸੈਟਲਮੈਂਟ ਆਫ ਬਿਲਡਿੰਗ ਕਨਸਟਰੱਕਟਡ ਇਨ ਵਾਇਲੇਸ਼ਨ ਆਫ ਦੀ ਬਿਲਡਿੰਗਜ਼ ਬਾਇ-ਲਾਅਜ਼ ਬਿਲ, 2021**

ਸਥਾਨਕ ਸਰਕਾਰ ਮੰਤਰੀ ਵੱਲੋਂ ਦੀ ਪੰਜਾਬ ਵਨ-ਟਾਇਮ ਵਾਲੰਟਰੀ ਡਿਸਕਲੋਜ਼ਰ ਐਂਡ ਸੈਟਲਮੈਂਟ ਆਫ ਬਿਲਡਿੰਗ ਕਨਸਟਰੱਕਟਡ ਇਨ ਵਾਇਲੇਸ਼ਨ ਆਫ ਦੀ ਬਿਲਡਿੰਗਜ਼ ਬਾਇ-ਲਾਅਜ਼ ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2,3 ਅਤੇ 4), ਕਲਾਜ਼ਾਂ 2 ਤੋਂ 12 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਥਾਨਕ ਸਰਕਾਰ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਪੰਜਾਬ ਵਨ-ਟਾਇਮ ਵਾਲੰਟਰੀ ਡਿਸਕਲੋਜ਼ਰ ਐਂਡ ਸੈਟਲਮੈਂਟ ਆਫ ਬਿਲਡਿੰਗ ਕਨਸਟਰੱਕਟਡ ਇਨ ਵਾਇਲੇਸ਼ਨ ਆਫ ਦੀ ਬਿਲਡਿੰਗਜ਼ ਬਾਇ-ਲਾਅਜ਼ ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਹਿਸ ਵਿੱਚ ਹਿੱਸਾ ਲੈਂਦੇ ਸ਼੍ਰੀ ਭਾਰਤ ਭੂਸ਼ਣ ਆਸ਼ੂ, ਸਿਵਿਲ ਸਪਲਾਈ ਅਤੇ ਖਪਤਕਾਰ ਮੰਤਰੀ 02 ਮਿੰਟ ਲਈ ਬੋਲੇ।

ਸ਼੍ਰੀ ਬ੍ਰਹਮ ਮੋਹਿੰਦਰਾ, ਸਥਾਨਕ ਸਰਕਾਰ ਮੰਤਰੀ ਬਹਿਸ ਦਾ ਜਵਾਬ ਦਿੰਦੇ ਸਮੇਂ 01 ਮਿੰਟ ਲਈ ਬੋਲੇ।

14. **ਦੀ ਪੰਜਾਬ ਪ੍ਰੋਟੈਕਸ਼ਨ ਐਂਡ ਰੈਗੂਲੈਰਾਈਜ਼ੇਸ਼ਨ ਆਫ ਕੰਟਰੈਕਚੂਅਲ ਇਮਪਲਾਈਜ਼ ਬਿਲ, 2021**

ਮੁੱਖ ਮੰਤਰੀ ਵੱਲੋਂ ਦੀ ਪੰਜਾਬ ਪ੍ਰੋਟੈਕਸ਼ਨ ਐਂਡ ਰੈਗੂਲੈਰਾਈਜ਼ੇਸ਼ਨ ਆਫ ਕੰਟਰੈਕਚੂਅਲ ਇਮਪਲਾਈਜ਼ ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 14 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਪੰਜਾਬ ਪ੍ਰੋਟੈਕਸ਼ਨ ਐਂਡ ਰੈਗੂਲੈਰਾਈਜ਼ੇਸ਼ਨ ਆਫ ਕੰਟਰੈਕਚੂਅਲ ਇਮਪਲਾਈਜ਼ ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

15. **ਦੀ ਪੰਜਾਬ ਫਰੂਟ ਨਰਸਰੀਜ਼ (ਸੋਧਨਾ) ਬਿਲ, 2021**

ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਵੱਲੋਂ ਦੀ ਪੰਜਾਬ ਫਰੂਟ ਨਰਸਰੀਜ਼ (ਸੋਧਨਾ) ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 14 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਦੀ ਪੰਜਾਬ ਫਰੂਟ ਨਰਸਰੀਜ਼ (ਸੋਧਨਾ) ਬਿਲ, 2021 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

**16. ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧ (ਦੂਜੀ ਸੋਧਨਾ) ਬਿਲ, 2021**

ਵਿੱਤ ਮੰਤਰੀ ਵੱਲੋਂ ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧ (ਦੂਜੀ ਸੋਧਨਾ) ਬਿਲ, 2021 ਪੇਸ਼ ਕੀਤਾ ਗਿਆ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤੇ ਜਾਵੇ।

"ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।"

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧ (ਦੂਜੀ ਸੋਧਨਾ) ਬਿਲ, 2021ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

**17. ਮੰਤਰੀ ਵੱਲੋਂ ਸਪੱਸ਼ਟੀਕਰਨ**

1. ਵਿਰੋਧੀ ਧਿਰ ਦੇ ਨੇਤਾ ਵੱਲੋਂ ਭਾਰਤ ਸਰਕਾਰ ਦੁਆਰਾ ਖੇਤੀਬਾੜੀ ਦੇ ਵਿਸ਼ੇ ਤੇ ਬਣਾਈ ਗਈ ਉੱਚ ਪੱਧਰੀ ਕਮੇਟੀ ਦੀਆਂ ਮੀਟਿੰਗਾਂ ਸਬੰਧੀ ਉਠਾਏ ਗਏ ਮਾਮਲੇ ਤੇ ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ ਵੱਲੋਂ ਸਦਨ ਵਿੱਚ ਸਪੱਸ਼ਟੀਕਰਨ ਦਿੱਤਾ ਗਿਆ।
2. ਵਿਰੋਧੀ ਧਿਰ ਦੇ ਨੇਤਾ ਵੱਲੋਂ ਬੱਸਾਂ ਦੇ ਬਕਾਇਆ ਖੜੇ ਟੈਕਸ ਸਬੰਧੀ ਉਠਾਏ ਗਏ ਮਾਮਲੇ ਤੇ ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ ਵੱਲੋਂ ਸਦਨ ਵਿੱਚ ਸਪੱਸ਼ਟੀਕਰਨ ਦਿੱਤਾ ਗਿਆ।

**18. ਸ੍ਰੀ ਮਦਨ ਲਾਲ ਜਲਾਲਪੁਰ, ਐਮ.ਐਲ.ਏ ਵੱਲੋਂ ਸਪੱਸ਼ਟੀਕਰਨ**

ਵਿਰੋਧੀ ਧਿਰ ਦੇ ਨੇਤਾ ਵੱਲੋਂ ਸ਼ਰਾਬ ਮਾਫੀਆ ਸਬੰਧੀ ਉਠਾਏ ਗਏ ਮਾਮਲੇ ਤੇ ਸ੍ਰੀ ਮਦਨ ਲਾਲ ਜਲਾਲਪੁਰ, ਐਮ.ਐਲ.ਏ ਵੱਲੋਂ ਸਦਨ ਵਿੱਚ ਸਪੱਸ਼ਟੀਕਰਨ ਦਿੱਤਾ ਗਿਆ।

**19. ਪੰਜਾਬ ਵਿਧਾਨ ਸਭਾ ਦੇ ਮੁਲਾਜ਼ਮਾਂ ਤੇ ਸਰਵਿਸ ਰੂਲ ਸਬੰਧੀ ਬਿਆਨ**

ਸੰਸਦੀ ਮਾਮਲੇ ਮੰਤਰੀ ਵੱਲੋਂ ਸਦਨ ਵਿੱਚ ਦੱਸਿਆ ਗਿਆ ਕਿ ਪੰਜਾਬ ਵਿਧਾਨ ਸਭਾ ਦੇ ਮੁਲਾਜ਼ਮਾਂ ਤੇ ਸਰਵਿਸ ਰੂਲ, ਜਿਹੜੇ ਕਿ ਪਿਛਲੇ 70 ਸਾਲਾਂ ਵਿੱਚ ਨਹੀਂ ਬਣੇ ਸਨ, ਉਹ ਬਣਾ ਦਿੱਤੇ ਗਏ ਹਨ। ਉਨ੍ਹਾਂ ਵੱਲੋਂ ਮਾਨਯੋਗ ਸਪੀਕਰ ਸਾਹਿਬ ਨੂੰ ਇਸ ਸਬੰਧੀ ਮੁਬਾਰਕਬਾਦ ਦਿੱਤੀ ਗਈ।

**20. ਮੈਂਬਰਾਂ ਨੂੰ ਨੇਮ ਕਰਨਾ/ਮੁਅੱਤਲ ਕਰਨਾ**

ਸ਼੍ਰੋਮਣੀ ਅਕਾਲੀ ਦਲ ਦੇ ਸਦਨ ਵਿੱਚ ਹਾਜ਼ਰ ਮੈਂਬਰਾਂ ਵੱਲੋਂ, ਚੇਅਰ ਦੇ ਬਾਰ ਬਾਰ ਅਪੀਲ ਕਰਨ ਦੇ ਬਾਵਜੂਦ, ਲਗਾਤਾਰ ਸਦਨ ਦੀ ਕਾਰਵਾਈ ਵਿੱਚ ਵਿਘਨ ਪਾਉਣ ਕਾਰਨ ਮਾਨਯੋਗ ਸਪੀਕਰ ਵੱਲੋਂ ਉਨ੍ਹਾਂ ਨੂੰ ਨੇਮ ਕੀਤਾ ਗਿਆ ਅਤੇ ਸੈਸ਼ਨ ਦੇ ਰਹਿੰਦੇ ਸਮੇਂ ਤੱਕ ਮੁਅੱਤਲ ਕੀਤਾ ਗਿਆ।

**21. ਵਾਕ ਆਊਟ**

1) ਸ੍ਰੀਮਤੀ ਰੁਪਿੰਦਰ ਕੌਰ ਰੂਬੀ, ਸਰਦਾਰ ਜਗਦੇਵ ਸਿੰਘ, ਸਰਦਾਰ ਨਾਜ਼ਰ ਸਿੰਘ ਮਾਨਸ਼ਾਹੀਆ, ਸਰਦਾਰ ਜਗਤਾਰ ਸਿੰਘ ਜੱਗਾ ਹਿੱਸੋਵਾਲ, ਸਰਦਾਰ ਕੰਵਰ ਸੰਧੂ ਅਤੇ ਸਰਦਾਰ ਪਿਰਮਲ ਸਿੰਘ ਧੌਲਾ ਤੋਂ ਬਿਨਾਂ ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਮਤੇ ਤੇ ਬੋਲਣ ਲਈ ਸਮਾਂ ਨਾ ਦਿੱਤੇ ਜਾਣ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿੱਚੋਂ ਵਾਕ ਆਊਟ ਕਰ ਗਏ।
2) ਸਰਦਾਰ ਪਰਮਿੰਦਰ ਸਿੰਘ ਢੀਂਡਸਾ ਤੋਂ ਬਿਨਾਂ ਸ਼੍ਰੋਮਣੀ ਅਕਾਲੀ ਦਲ ਦੇ ਸਦਨ ਵਿੱਚ ਹਾਜ਼ਰ ਮੈਂਬਰ ਵੱਖ-ਵੱਖ ਮੁੱਦਿਆਂ ਤੇ ਬੋਲਣ ਲਈ ਸਮਾਂ ਨਾ ਦਿੱਤੇ ਜਾਣ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿੱਚੋਂ ਵਾਕ ਆਊਟ ਕਰ ਗਏ।

3) ਸਰਦਾਰ ਪਰਮਿੰਦਰ ਸਿੰਘ ਢੀਂਡਸਾ ਤੋਂ ਬਿਨਾਂ ਸ਼੍ਰੋਮਣੀ ਅਕਾਲੀ ਦਲ ਦੇ ਸਦਨ ਵਿੱਚ ਹਾਜ਼ਰ ਮੈਂਬਰ ਸਰਕਾਰੀ ਮਤੇ ਤੇ ਬੋਲਣ ਲਈ ਸਮਾਂ ਨਾ ਦਿੱਤੇ ਜਾਣ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿੱਚੋਂ ਵਾਕ ਆਊਟ ਕਰ ਗਏ।
4) ਸਰਦਾਰ ਜਗਦੇਵ ਸਿੰਘ, ਸਰਦਾਰ ਨਾਜ਼ਰ ਸਿੰਘ ਮਾਨਸ਼ਾਹੀਆ, ਸਰਦਾਰ ਜਗਤਾਰ ਸਿੰਘ ਜੱਗਾ ਹਿੱਸੋਵਾਲ, ਸਰਦਾਰ ਕੰਵਰ ਸੰਧੂ ਅਤੇ ਸਰਦਾਰ ਪਿਰਮਲ ਸਿੰਘ ਧੌਲਾ ਤੋਂ ਬਿਨਾਂ ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਬਿਲਾਂ ਤੇ ਬੋਲਣ ਲਈ ਸਮਾਂ ਨਾ ਦਿੱਤੇ ਜਾਣ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿੱਚੋਂ ਵਾਕ ਆਊਟ ਕਰ ਗਏ।

**22. ਸਦਨ ਨੂੰ ਥੋੜ੍ਹੇ ਸਮੇ ਲਈ ਸਥਗਿਤ ਕਰਨਾ**

ਮਾਨਯੋਗ ਸਪੀਕਰ ਵੱਲੋਂ ਸਦਨ 3:18 ਵਜੇ ਬਾਅਦ ਦੁਪਹਿਰ ਤੋਂ 3:33 ਵਜੇ ਬਾਅਦ ਦੁਪਹਿਰ ਤੱਕ, 3:35 ਵਜੇ ਤੋਂ ਬਾਅਦ ਦੁਪਹਿਰ 3:45 ਵਜੇ ਬਾਅਦ ਦੁਪਹਿਰ ਤੱਕ, ਮਾਨਯੋਗ ਡਿਪਟੀ ਸਪੀਕਰ ਵੱਲੋਂ 3:45 ਤੋਂ ਬਾਅਦ ਦੁਪਿਹਰ 4:00 ਵਜੇ ਬਾਅਦ ਦੁਪਿਹਰ ਤੱਕ, ਮਾਨਯੋਗ ਸਪੀਕਰ ਵੱਲੋਂ 4:00 ਵਜੇ ਬਾਅਦ ਦੁਪਹਿਰ ਤੋਂ 4:15 ਬਾਅਦ ਦੁਪਹਿਰ ਤੱਕ, 4:38 ਵਜੇ ਤੋਂ ਬਾਅਦ ਦੁਪਹਿਰ 4:53 ਵਜੇ ਬਾਅਦ ਦੁਪਹਿਰ ਤੱਕ ਸਥਗਿਤ ਕੀਤਾ ਗਿਆ।

**23. ਮਾਨਯੋਗ ਮੁੱਖ ਮੰਤਰੀ ਵੱਲੋਂ ਧੰਨਵਾਦ**

ਮਾਨਯੋਗ ਮੁੱਖ ਮੰਤਰੀ ਵੱਲੋਂ ਮਾਨਯੋਗ ਸਪੀਕਰ ਦੁਆਰਾ ਪਿਛਲੇ ਪੰਜ ਸਾਲਾਂ ਦੌਰਾਨ ਬਹੁਤ ਅੱਛੇ ਤਰੀਕੇ ਨਾਲ ਸਦਨ ਨੂੰ ਚਲਾਉਣ ਲਈ ਧੰਨਵਾਦ ਕੀਤਾ ਗਿਆ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਮਾਨਯੋਗ ਡਿਪਟੀ ਸਪੀਕਰ ਦੁਆਰਾ ਚੰਗਾ ਰੋਲ ਨਿਭਾਉਣ ਲਈ ਵੀ ਧੰਨਵਾਦ ਕੀਤਾ ਗਿਆ ਅਤੇ ਸਕੱਤਰ, ਪੰਜਾਬ ਵਿਧਾਨ ਸਭਾ, ਵਿਧਾਨ ਸਭਾ ਦਾ ਸਟਾਫ਼ ਅਤੇ ਸਾਰੇ ਅਫ਼ਸਰ ਸਾਹਿਬਾਨ ਦਾ ਵੀ ਧੰਨਵਾਦ ਕੀਤਾ ਗਿਆ।

**24. ਮਾਨਯੋਗ ਸਪੀਕਰ ਵੱਲੋਂ ਧੰਨਵਾਦ**

ਮਾਨਯੋਗ ਸਪੀਕਰ ਵੱਲੋਂ ਮਾਨਯੋਗ ਮੁੱਖ ਮੰਤਰੀ, ਸੰਸਦੀ ਮਾਮਲੇ ਮੰਤਰੀ, ਮਾਨਯੋਗ ਡਿਪਟੀ ਸਪੀਕਰ ਅਤੇ ਅਤੇ ਵਿਰੋਧੀ ਧਿਰਾਂ ਦੇ ਨੇਤਾਵਾਂ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਗਿਆ।

ਮਾਨਯੋਗ ਸਪੀਕਰ ਵੱਲੋਂ ਸਮੂਹ ਮੈਂਬਰਾਂ ਦਾ ਸਦਨ ਦੀ ਕਾਰਵਾਈ ਵਿੱਚ ਸੂਬੇ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਵੱਡਮੁੱਲਾ ਯੋਗਦਾਨ ਪਾਉਣ ਲਈ ਧੰਨਵਾਦ ਕੀਤਾ ਗਿਆ ਅਤੇ ਮੈਂਬਰਾਂ ਵੱਲੋਂ ਦਿੱਤੇ ਗਏ ਸਹਿਯੋਗ ਦੀ ਸ਼ਲਾਘਾ ਕੀਤੀ ਗਈ।

**25. ਸਦਨ ਦਾ ਸਮਾਂ ਵਧਾਉਣਾ**

ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੇ ਕੰਮ ਖਤਮ ਹੋਣ ਤੱਕ ਸਦਨ ਦਾ ਸਮਾਂ ਵਧਾਇਆ।

ਮਾਨਯੋਗ ਡਿਪਟੀ ਸਪੀਕਰ ਨੇ 1:30 ਵਜੇ ਬਾਅਦ ਦੁਪਿਹਰ ਤੋਂ 2:14 ਬਾਅਦ ਦੁਪਿਹਰ ਤੱਕ ਅਤੇ 03:45 ਵਜੇ ਬਾਅਦ ਦੁਪਿਹਰ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਚੰਡੀਗੜ੍ਹ
12 ਨਵੰਬਰ,2021